# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

# ਮੇਅਰ ਸ਼ਿਵ ਸੂਦ ਨੇ ਵਾਰਡ ਨੰ: 9 ਦਾ ਦੌਰਾ ਕਰਕੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਲਈ

# ਮੁਹੱਲਾ ਨਿਵਾਸੀਆਂ ਨੇ ਨਗਰ ਨਿਗਮ ਵੱਲੋ ਕਰਵਾਏ ਵਿਕਾਸ ਕਾਰਜਾਂ ਤੇ ਤਸੱਲੀ ਪ੍ਰਗਟਾਈ।

ਹੁਸ਼ਿਆਰਪੁਰ 06 ਜੂਨ ਨਗਰ ਨਿਗਮ ਦੇ ਵੱਖ ਵੱਖ ਵਾਰਡਾਂ ਵਿੱਚ ਹੋ ਰਹੇ ਵਿਕਾਸ ਕਾਰਜਾਂ ਅਤੇ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਲਈ ਮੇਅਰ ਸ਼ਿਵ ਸੂਦ ਵੱਲੋ ਹਰ ਰੋਜ਼ ਸਵੇਰੇ ਇਕ ਵਾਰਡ ਦਾ ਦੌਰਾ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਤਹਿਤ ਅੱਜ ਉਹਨ੍ਹਾਂ ਨੇ ਵਾਰਡ ਨੰ: 9 ਦੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਲੈਣ ਲਈ ਦੋਰਾ ਕੀਤਾ।ਭਾਜਪਾ ਆਗੂ ਮੁੱਖੀ ਰਾਮ, ਮੰਡਲ ਪ੍ਰਧਾਨ ਵਿਨੋਦ ਪਰਮਾਰ, ਕੋਂਸਲਰ ਰਮੇਸ਼ ਠਾਕੁਰ ਵੀ ਇਸ ਮੋਕੇ ਤੇ ਉਹਨ੍ਹਾਂ ਦੇ ਨਾਲ ਸਨ। ਮੇਅਰ ਸ਼ਿਵ ਸੂਦ ਨੇ ਇਸ ਮੋਕੇ ਤੇ ਮੁਹੱਲਾ ਨਿਵਾਸੀਆਂ ਨਾਲ ਉਹਨ੍ਹਾਂ ਦੀ ਮੁਸ਼ਕਲਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ।ਮੁਹੱਲਾ ਨਿਵਾਸੀਆਂ ਨੇ ਨਗਰ ਨਿਗਮ ਵੱਲੋ ਵਾਰਡ ਨੰ 9 ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਸਬੰਧੀ ਤਸੱਲੀ ਪ੍ਰਗਟ ਕੀਤੀ ਅਤੇ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਅਤੇ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਦਾ ਧੰਨਵਾਦ ਕਰਦਿਆਂ ਵਾਰਡ ਨੰਬਰ 9 ਦੀਆਂ ਕੁੱਝ ਗਲੀਆਂ, ਨਾਲੀਆਂ, ਸੜਕਾਂ ਨੂੰ ਪੱਕਾ ਕਰਨ ਅਤੇ ਸਟਰੀਟ ਲਾਈਟਾਂ ਲਗਵਾਉਣ ਸਬੰਧੀ ਕਿਹਾ। ਮੇਅਰ ਸ਼ਿਵ ਸੂਦ ਨੇ ਮੁਹੱਲਾ ਨਿਵਾਸੀਆਂ ਨੂੰ ਭਰੋਸਾ ਦੁਆਇਆ ਕਿ ਇਹਨ੍ਹਾਂ ਕੰਮਾਂ ਦੇ ਐਸਟੀਮੈਂਟ ਲਗਾ ਕੇ ਜਲਦੀ ਹੀ ਰਹਿੰਦੇ ਵਿਕਾਸ ਕਾਰਜ ਕਰਵਾਏ ਜਾਣਗੇ।

ਜਗੀਰ ਸਿੰਘ, ਸੋਹਣ ਸਿੰਘ, ਚਮਨ ਲਾਲ, ਬਖਸ਼ੀ ਰਾਮ ਬਧਨ, ਰਾਮ ਲੁਭਾਇਆ, ਰਜਿੰਦਰ ਪਾਲ, ਅਵਤਾਰ ਚੰਦ, ਸਰਵਨ ਚੰਦ ਚੇਚੀ, ਸ਼ਿੰਗਾਰਾ ਸਿੰਘ, ਕਰਤਾਰ ਸਿੰਘ, ਮੁਖਤਿਆਰ ਸਿੰਘ ਧਾਰੀਵਾਲ, ਸੁਰਿੰਦਰ ਸਿੰਘ, ਕੁਲਦੀਪ ਕੋਰ, ਬਿਮਲਾ ਦੇਵੀ ਅਤੇ ਮੁਹੱਲਾ ਨਿਵਾਸੀ ਇਸ ਮੋਕੇ ਤੇ ਹਾਜ਼ਰ ਸਨ।